# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 04-05-2024**

- ਕੇਂਦਰ ਸਰਕਾਰ ਨੇ ਪਿਆਜ਼ ਦੀ ਬਰਾਮਦ 'ਤੇ ਲੱਗੀ ਪਾਬੰਦੀ ਤੁਰੰਤ ਪ੍ਰਭਾਵ ਨਾਲ ਹਟਾ ਦਿੱਤੀ ਏ।
- ਪੰਜਾਬ ਦੇ ਮੁਖ ਚੋਣ ਅਧਿਕਾਰੀ ਸਿਬਿਨ ਸੀ. ਅਨੁਸਾਰ, ਲੋਕ ਸਭਾ ਚੋਣਾਂ ਦੌਰਾਨ ਜ਼ਬਤੀ ਦੇ ਮਾਮਲੇ ਵਿੱਚ ਕੌਮੀ ਪੱਧਰ 'ਤੇ ਸੂਬੇ ਦਾ ਚੌਥਾ ਸਥਾਨ ਏ, ਇਕ ਮਾਰਚ ਤੋਂ 4 ਮਈ ਤੱਕ, 609 ਕਰੋੜ 38 ਲੱਖ ਰੁਪਏ ਦੀ ਨਕਦੀ ਤੇ ਹੋਰ ਵਸਤੂਆਂ ਜ਼ਬਤ ਕੀਤੀਆਂ ਗਈਆਂ ਨੇ।
- ਪੰਜਾਬ ਦੇ ਕਈ ਹਿੱਸਿਆਂ ਵਿੱਚ, 7 ਤੇ 8 ਮਈ ਨੂੰ ਮੁੜ ਤੋਂ ਮੌਸਮ ਵਿੱਚ ਬਦਲਾਅ ਹੋਣ ਤੇ ਮੀਂਹ ਪੈਣ ਦੇ ਆਸਾਰ।

---

ਕੇਂਦਰ ਸਰਕਾਰ ਨੇ ਪਿਆਜ਼ ਦੀ ਬਰਾਮਦ 'ਤੇ ਲੱਗੀ ਪਾਬੰਦੀ ਹਟਾ

ਦਿੱਤੀ ਏ । ਵਿਦੇਸ਼ੀ ਵਪਾਰ ਬਾਰੇ ਡਾਇਰੈਕਟੋਰੇਟ ਜਨਰਲ ਨੇ ਇੱਕ ਨੋਟੀਫਿਕੇਸ਼ਨ ਵਿੱਚ ਕਿਹਾ ਏ, ਕਿ ਇਹ ਹੁਕਮ ਤੁਰੰਤ ਪ੍ਰਭਾਵ ਨਾਲ ਲਾਗੂ ਹੋਵੇਗਾ । ਪਿਛਲੇ ਮਹੀਨੇ ਕੇਂਦਰ ਸਰਕਾਰ ਨੇ 6 ਦੇਸ਼ਾਂ ਬੰਗਲਾਦੇਸ਼, ਸੰਯੁਕਤ ਅਰਬ ਅਮੀਰਾਤ, ਭੂਟਾਨ, ਬਹਿਰੀਨ, ਮਾਰੀਸ਼ਸ ਅਤੇ ਸ੍ਰੀਲੰਕਾ ਨੂੰ, 99 ਹਜ਼ਾਰ ਮੀਟ੍ਰਿਕ ਟਨ ਪਿਆਜ਼ ਦੀ ਬਰਾਮਦ ਦੀ ਇਜਾਜ਼ਤ ਦਿੱਤੀ ਸੀ । ਪਿਛਲੇ ਸਾਲ ਦਸੰਬਰ ਵਿੱਚ ਹਾੜੀ ਤੇ ਸਾਉਣੀ ਦੀਆਂ ਫਸਲਾਂ ਵਿੱਚ ਅਨੁਮਾਨਤ ਕਮੀ ਦੇ ਕਾਰਨ, ਪਿਆਜ਼ ਦੀ ਘਰੇਲੂ ਉਪਲਬਧਤਾ ਯਕੀਨੀ ਬਣਾਉਣ ਲਈ, ਪਿਆਜ਼ ਦੀ ਬਰਾਮਦ 'ਤੇ ਪਾਬੰਦੀ ਲਗਾਈ ਗਈ ਸੀ ।

---------------------------------------------------------

ਦਿੱਲੀ ਪ੍ਰਦੇਸ਼ ਕਾਂਗਰਸ ਦੇ ਸਾਬਕਾ ਪ੍ਰਧਾਨ, ਅਰਵਿੰਦਰ ਸਿੰਘ ਲਵਲੀ ਅੱਜ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ । ਨਵੀਂ ਦਿੱਲੀ ਵਿੱਚ ਪਾਰਟੀ ਦੇ ਜਨਰਲ ਸਕੱਤਰ ਵਿਨੋਦ ਤਾਵੜੇ ਅਤੇ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦੀ ਮੌਜੂਦਗੀ ਵਿੱਚ, ਉਨਾਂ BJP ਦੀ ਮੈਂਬਰਸ਼ਿਪ ਲਈ । ਦਿੱਲੀ ਦੇ ਸਾਬਕਾ ਮੰਤਰੀ ਰਾਜਕੁਮਾਰ ਚੌਹਾਨ, ਕਾਂਗਰਸ

ਪਾਰਟੀ ਦੇ ਸਾਬਕਾ ਸਕੱਤਰ ਨਸੀਬ ਸਿੰਘ, ਸਾਬਕਾ ਵਿਧਾਇਕ ਨੀਰਜ ਬਸੋਆ, ਭਾਰਤੀ ਰਾਸ਼ਟਰੀ ਵਿਦਿਆਰਥੀ ਸੰਘ ਦੇ ਸਾਬਕਾ ਪ੍ਰਧਾਨ ਅਮਿਤ ਮਲਿਕ ਵੀ BJP 'ਚ ਸ਼ਾਮਲ ਹੋ ਗਏ ਨੇ।

---------------------------------------------------

ਭਾਰਤੀ ਜਨਤਾ ਪਾਰਟੀ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ ਨੇ, BJP ਵੱਲੋਂ ਜਾਰੀ ਚੋਣ ਮਨੋਰਥ ਪੱਤਰ ‘ਤੇ ਪ੍ਰਤੀਕਰਮ ਦਿੰਦਿਆਂ ਕਿਹਾ ਏ, ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਪੇਸ਼ ਇਹ ਚੋਣ ਮਨੋਰਥ ਪੱਤਰ, ਵਿਕਸਤ ਭਾਰਤ ਵੱਲ ਲੰਮੀ ਛਾਲ ਮਾਰਨ ਵਾਲਾ ਏ। ਇਕ ਬਿਆਨ ਵਿਚ ਉਨਾਂ ਕਿਹਾ ਕਿ ਅੱਜ ਦੇਸ਼ ਦੀ ਜਨਤਾ ਦਾ ਮੰਨਣਾ ਏ, ਕਿ ਜੇਕਰ ਮੋਦੀ ਦੀ ਗਾਰੰਟੀ ਏ, ਤਾਂ ਉਹ ਪੂਰੀ ਹੋਵੇਗੀ। ਉਨਾਂ ਕਿਹਾ ਕਿ ਸਮੁਚੇ ਦੇਸ਼ ਨੇ ਸਵੀਕਾਰ ਕੀਤਾ ਏ ਕਿ “ਮੋਦੀ ਦੀ ਗਾਰੰਟੀ ਦਾ ਮਤਲਬ ਗਾਰੰਟੀ ਦੀ ਪੂਰਤੀ ਦੀ ਗਾਰੰਟੀ ਏ। ਅਨਿਲ ਸਰੀਨ ਨੇ ਕਿਹਾ ਕਿ BJP ਨਾ ਸਿਰਫ਼ ਜੋ ਕਹਿੰਦੀ ਏ, ਉਸ ਨੂੰ ਪੂਰਾ ਕਰਦੀ ਏ ਸਗੋਂ ਜੋ ਨਹੀਂ ਵੀ ਕਹਿੰਦੀ, ਜੇਕਰ ਜਨਤਾ ਦੇ ਹਿੱਤ ਵਿੱਚ ਜ਼ਰੂਰੀ ਹੋਵੇ, ਤਾਂ ਉਸ ਨੂੰ ਪੂਰਾ ਵੀ ਕਰਦੀ ਏ। ਉਨਾਂ ਕਿਹਾ ਕਿ ਨਰੇਂਦਰ ਮੋਦੀ ਦੀ ਅਗਵਾਈ

ਵਿੱਚ BJP ਨੇ 2014 ਅਤੇ 2019 ਵਿੱਚ ਹਾਸਲ ਕੀਤੇ ਪੂਰਨ ਬਹੁਮਤ ਨੂੰ, ਪਿੰਡਾਂ, ਗਰੀਬਾਂ, ਵਾਂਝੇ, ਅਨੁਸੂਚਿਤ ਵਰਗਾਂ , ਔਰਤਾਂ, ਨੌਜਵਾਨਾਂ ਅਤੇ ਕਿਸਾਨਾਂ ਨੂੰ ਸਮਰਪਿਤ ਕਰ ਦਿੱਤਾ ਏ। ਅਨਿਲ ਸਰੀਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਸਰੀਰ ਦਾ ਹਰ ਕਣ ਤੇ ਉਨ੍ਹਾਂ ਦੇ ਜੀਵਨ ਦਾ ਹਰ ਪਲ ਦੇਸ਼ ਦੇ ਵਿਕਾਸ ਅਤੇ ਗਰੀਬਾਂ ਦੀ ਭਲਾਈ ਲਈ ਸਮਰਪਿਤ ਏ।

---

ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਤੋਂ ਨਰਾਜ਼ ਚੱਲ ਰਹੇ ਸਾਬਕਾ ਮੰਤਰੀ ਸੁੱਚਾ ਸਿੰਘ ਲੰਗਾਹ ਨੇ ਕਿਹਾ ਏ ਕਿ ਲੋਕ ਸਭਾ ਚੋਣਾਂ ਵਿੱਚ ਪਾਰਟੀ ਵਲੋਂ ਅਣਗੋਲਿਆਂ ਕੀਤੇ ਜਾਣ ਤੇ ਉਹ, 22 ਮਈ ਨੂੰ ਇੱਕ ਵੱਡੀ ਰੈਲੀ ਕਰਨਗੇ ਅਤੇ ਉਸਦੇ ਵਿੱਚ ਅਗਲੇ ਕਦਮ ਬਾਰੇ ਕੋਈ ਵੱਡਾ ਫੈਸਲਾ ਲੈਣਗੇ। ਗੁਰਦਾਸਪੁਰ ਜ਼ਿਲੇ ਦੇ ਧਾਰੀਵਾਲ ਵਿਖੇ ਆਪਣੇ ਸਮਰਥਕਾਂ ਨਾਲ ਅੱਜ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਣ ਇਹ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਕਾਂਗਰਸ ਨੇ ਉਨਾਂ ਦਾ ਘੱਟ ਨੁਕਸਾਨ ਕੀਤਾ ਏ, ਪਰ ਆਪਣਿਆਂ ਨੇ ਹੀ ਉਨਾਂ ਦਾ ਵੱਡਾ ਨੁਕਸਾਨ ਕੀਤਾ

ਏ। ਸੁੱਚਾ ਸਿੰਘ ਲੰਗਾਹ ਨੇ ਕੁਝ ਸਥਾਨਕ ਅਕਾਲੀ ਆਗੂਆਂ ਤੇ ਪਾਰਟੀ ਹਾਈਕਮਾਨ ਨੂੰ ਗਲਤ ਮਾਰਗਦਰਸ਼ਨ ਕਰਨ ਦਾ ਦੋਸ਼ ਲਗਾਇਆ ਅਤੇ ਕਿਹਾ ਕਿ ਇਸ ਨਾਲ ਅਕਾਲੀ ਦਲ ਦਾ ਵੱਡਾ ਨੁਕਸਾਨ ਹੋਵੇਗਾ। ਇਸ ਮੌਕੇ ਸ਼੍ਰੋਮਣੀ ਗੁਰੂਦਵਾਰਾ ਪ੍ਰਬੰਧਕ ਕਮੇਟੀ ਦੇ ਕਈ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਹਮਾਇਤੀ ਮੌਜੂਦ ਰਹੇ।

---------------------------------------------------------------

ਪੰਜਾਬ ਵਿੱਚ ਆਦਰਸ਼ ਚੋਣ ਜ਼ਾਬਤੇ ਦੀ ਮਰਿਆਦਾ ਕਾਇਮ ਰੱਖਣ ਲਈ ਇਨਫੋਰਸਮੈਂਟ ਏਜੰਸੀਆਂ ਵੱਲੋਂ ਸਖ਼ਤ ਕਾਰਵਾਈਆਂ ਕੀਤੀਆਂ ਜਾ ਰਹੀਆਂ ਨੇ, ਜਿਸ ਦੇ ਨਤੀਜੇ ਵਜੋਂ ਪੰਜਾਬ ਵਿਚ ਪਹਿਲੀ ਮਾਰਚ ਤੋਂ 4 ਮਈ ਤੱਕ, 609 ਕਰੋੜ 38 ਲੱਖ ਰੁਪਏ ਦੀ ਨਕਦੀ, ਸ਼ਰਾਬ, ਨਸ਼ੀਲੇ ਪਦਾਰਥ, ਕੀਮਤੀ ਵਸਤਾਂ, ਅਤੇ ਹੋਰ ਵਸਤੂਆਂ ਨੂੰ ਜ਼ਬਤ ਕੀਤਾ ਗਿਆ ਏ। ਇਸ ਸਬੰਧੀ ਜਾਣਕਾਰੀ ਦਿੰਦਿਆ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਇਸ ਜ਼ਬਤੀ ਵਿੱਚ 11 ਕਰੋੜ 2 ਲੱਖ ਰੁਪਏ ਦੀ ਨਕਦੀ, 18 ਕਰੋੜ ਰੁਪਏ ਦੀ ਕੀਮਤ ਵਾਲੀ 27 ਲੱਖ 95 ਹਜ਼ਾਰ ਲੀਟਰ ਸ਼ਰਾਬ, 563 ਕਰੋੜ 53 ਲੱਖ

ਦੀ ਕੀਮਤ ਵਾਲੇ ਨਸ਼ੀਲੇ ਪਦਾਰਥ, 14 ਕਰੋੜ 94 ਲੱਖ ਰੁਪਏ ਦੀਆਂ ਕੀਮਤੀ ਵਸਤਾਂ ਅਤੇ ਇਕ ਕਰੋੜ 69 ਲੱਖ ਰੁਪਏ ਦੀ ਕੀਮਤ ਵਾਲਾ ਹੋਰ ਸਮਾਨ ਬਰਾਮਦ ਕੀਤਾ ਗਿਆ ਏ, ਜਿਸ ਦੀ ਕੁੱਲ ਕੀਮਤ 609 ਕਰੋੜ 38 ਲੱਖ ਰੁਪਏ ਬਣਦੀ ਏ। ਜ਼ਬਤੀ ਦੇ ਮਾਮਲੇ ਵਿੱਚ ਪੰਜਾਬ ਕੌਮੀ ਪੱਧਰ 'ਤੇ ਚੌਥੇ ਸਥਾਨ 'ਤੇ ਏ ਜਦਕਿ ਤਾਮਿਲਨਾਡੂ ਪਹਿਲੇ, ਗੁਜਰਾਤ ਦੂਜੇ ਅਤੇ ਰਾਜਸਥਾਨ ਤੀਜੇ ਸਥਾਨ 'ਤੇ ਨੇ। ਸਿਬਿਨ ਸੀ ਨੇ ਦੱਸਿਆ ਕਿ ਸੂਬੇ ਵਿੱਚ 24 ਇਨਫੋਰਸਮੈਂਟ ਏਜੰਸੀਆਂ ਸਰਗਰਮੀ ਨਾਲ ਕੰਮ ਕਰ ਰਹੀਆਂ ਨੇ ਅਤੇ 16 ਮਾਰਚ ਨੂੰ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਲੈ ਕੇ 4 ਮਈ ਤੱਕ, ਸਾਰੀਆਂ ਏਜੰਸੀਆਂ ਵੱਲੋਂ ਕੁੱਲ 514 ਕਰੋੜ 81 ਲੱਖ ਰੁਪਏ ਦੀ ਜ਼ਬਤੀ ਕੀਤੀ ਗਈ ਏ। ਪੰਜਾਬ ਪੁਲਿਸ ਨੇ ਸੂਬੇ ਵਿੱਚ ਸਭ ਤੋਂ ਵੱਧ 404 ਕਰੋੜ 2 ਲੱਖ ਰੁਪਏ ਦੀ ਜ਼ਬਤੀ ਕੀਤੀ ਏ। ਜ਼ਬਤੀ ਦੇ ਮਾਮਲਿਆਂ ਵਿੱਚ ਜ਼ਿਲ੍ਹਿਆਂ 'ਚੋਂ ਜਲੰਧਰ 141 ਕਰੋੜ 25 ਲੱਖ ਰੁਪਏ ਦੀ ਕੁੱਲ ਜ਼ਬਤੀ ਨਾਲ ਸੂਚੀ ਵਿੱਚ ਸਭ ਤੋਂ ਉੱਪਰ ਏ। ਇਸੇ ਤਰ੍ਹਾਂ 93 ਕਰੋੜ 96 ਲੱਖ ਰੁਪਏ ਦੀ ਜ਼ਬਤੀ ਨਾਲ ਅੰਮ੍ਰਿਤਸਰ ਦੂਜੇ ਜਦਕਿ 59 ਕਰੋੜ 55 ਲੱਖ ਰੁਪਏ ਦੀ ਜ਼ਬਤੀ

ਨਾਲ ਤਰਨਤਾਰਨ ਤੀਜੇ ਸਥਾਨ ਤੇ ਏ। ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਚੋਣ ਕਮਿਸ਼ਨ ਦੇ ਦਿਸ਼ਾ- ਨਿਰਦੇਸ਼ਾਂ ਅਨੁਸਾਰ ਸੂਬੇ ਵਿੱਚ ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ ਨੂੰ ਯਕੀਨੀ ਬਣਾਉਣ ਲਈ ਚੋਣ ਅਮਲਾ ਪੂਰੀ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾ ਰਿਹਾ ਏ।

-----------------------------------------------------------

ਫ਼ਿਰੋਜ਼ਪੁਰ ਜ਼ਿਲੇ ਦੇ ਫਿਰੋਜ਼ਪੁਰ ਦਿਹਾਤੀ ਹਲਕੇ ਵਿੱਚ, ਸੀਨੀਅਰ ਸੈਕੈਂਡਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਮਨਾਂ 'ਤੇ ਨਿਵੇਕਲੀ ਛਾਪ ਛੱਡਦਾ ਤਹਿਸੀਲ ਪੱਧਰੀ ਸਵੀਪ ਮੇਲਾ ਸੰਪੰਨ ਹੋ ਗਿਆ ਏ। ਜ਼ਿਲ੍ਹਾ ਚੋਣ ਅਫਸਰ ਤੇ ਡਿਪਟੀ ਕਮਿਸ਼ਨਰ ਰਜੇਸ਼ ਧੀਮਾਨ ਦੀ ਅਗਵਾਈ ਅਤੇ ਤਹਿਸੀਲ ਸਵੀਪ ਕੋਆਰਡੀਨੇਟਰ ਕਮਲ ਸ਼ਰਮਾ ਦੀ ਦੇਖ-ਰੇਖ ਵਿੱਚ ਸਵੀਪ ਟੀਮ ਨੇ ਸ਼ਹੀਦ ਭਗਤ ਸਿੰਘ ਯੂਨੀਵਰਸਿਟੀ ਵਿੱਚ ਪੋਸਟਰ ਮੇਕਿੰਗ, ਰੰਗੋਲੀ ਸਜਾਉਣ, ਸਵੀਪ ਗੀਤ ਅਤੇ ਨੁੱਕੜ ਨਾਟਕ ਦੇ ਆਕਰਸ਼ਕ ਮੁਕਾਬਲੇ ਕਰਵਾਏ। ਇਸ ਮੇਲੇ ਵਿੱਚ ਡੀ.ਪੀ.ਆਰ.ਓ. ਅਮਰੀਕ ਸਿੰਘ, ਚੋਣ ਕਾਨੂੰਨਗੋ ਗਗਨਦੀਪ ਕੌਰ ਅਤੇ ਜ਼ਿਲਾ ਸਵੀਪ ਕੋਆਰਡੀਨੇਟਰ ਡਾ. ਸਤਿੰਦਰ ਸਿੰਘ ਦੀ ਹਾਜਰੀ ਵਿੱਚ ਵੱਖ-ਵੱਖ

ਸਕੂਲਾਂ ਦੇ 100 ਤੋਂ ਵਧੇਰੇ ਵਿਦਿਆਰਥੀਆਂ ਨੇ ਸਵੀਪ ਟੀਮ ਵੱਲੋਂ ਆਯੋਜਿਤ ਵਿਦਿਅਕ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਹਿੱਸਾ ਲੈ ਕੇ ਆਪਣੀ ਪ੍ਰਤਿਭਾ ਨਿਖਾਰਨ ਦੀ ਇਸ ਨਿਵੇਕਲੀ ਗਤੀਵਿਧੀ ਦਾ ਆਨੰਦ ਮਾਣਿਆ। ਉਨਾਂ ਆਪਣੀ ਕਲਾ ਰਾਹੀਂ ਦੇਸ਼ ਦੇ ਸੁਨਹਿਰੀ ਭਵਿੱਖ ਲਈ ਵੋਟ ਪਾਉਣ ਦਾ ਸੁਨੇਹਾ ਵੀ ਦਿੱਤਾ।

---------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਨੇ ਝੋਨੇ ਦੇ ਆਉਂਦੇ ਸੀਜ਼ਨ ਲਈ ਕਿਸਾਨਾਂ ਨੂੰ ਮਿਆਰੀ ਬੀਜ ਉਪਲੱਬਧ ਕਰਾਉਣ ਦੇ ਮੰਤਵ ਨਾਲ ਇਕ ਵੱਡਾ ਫੈਸਲਾ ਲਿਆ ਏ। ਵਾਈਸ ਚਾਂਸਲਰ ਡਾ ਸਤਿਬੀਰ ਸਿੰਘ ਗੋਸਲ ਨੇ ਇਸ ਬਾਰੇ ਗੱਲ ਕਰਦਿਆਂ ਕਿਹਾ ਕਿ, ਯੂਨੀਵਰਸਿਟੀ ਦੀ ਬੀਜਾਂ ਦੀ ਦੁਕਾਨ ਹੁਣ ਹਫਤੇ ਦੇ ਸੱਤੇ ਦਿਨ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਖੁੱਲੀ ਰਹੇਗੀ। ਕਿਸਾਨਾਂ ਨੂੰ ਉਨਾਂ ਦੀ ਜਰੂਰਤ ਅਨੁਸਾਰ ਪੀ.ਏ.ਯੂ. ਦੀਆਂ ਮਿਆਰੀ ਕਿਸਮਾਂ ਦਾ ਬੀਜ ਮਿਲ ਸਕੇਗਾ। ਉਨਾਂ ਕਿਹਾ ਕਿ ਇਸ ਤੋਂ ਇਲਾਵਾ ਸਾਰੇ ਜ਼ਿਲ੍ਹਿਆਂ ਵਿੱਚ ਸਥਾਪਿਤ ਯੂਨੀਵਰਸਿਟੀ ਦੇ ਖੇਤਰੀ ਖੋਜ ਕੇਂਦਰ, ਕ੍ਰਿਸ਼ੀ ਵਿਗਿਆਨ ਕੇਂਦਰ ਅਤੇ

ਫਾਰਮ ਸਲਾਹਕਾਰ ਸੇਵਾ ਕੇਂਦਰ ਤੇ ਵੀ ਇਹ ਬੀਜ ਉਪਲੱਬਧ ਏ। ਉਨਾਂ ਕਿਹਾ ਕਿ ਯੂਨੀਵਰਸਿਟੀ ਦਾ ਉਦੇਸ਼ ਘੱਟ ਸਮੇਂ ਵਿਚ ਪੱਕਣ ਵਾਲੀਆਂ ਮਿਆਰੀ ਪੀ ਆਰ ਕਿਸਮਾਂ ਦਾ ਬੀਜ ਸੂਬੇ ਦੇ ਕਿਸਾਨਾਂ ਨੂੰ ਮੁਹੱਈਆ ਕਰਾਉਣਾ ਏ। ਡਾ. ਗੋਸਲ ਨੇ ਕਿਹਾ ਕਿ 2023 ਦੇ ਅੰਕੜਿਆਂ ਅਨੁਸਾਰ, ਝੋਨੇ ਦੀ ਕਾਸ਼ਤ ਵਾਲੇ 70 ਪ੍ਰਤੀਸ਼ਤ ਦੇ ਕਰੀਬ ਰਕਬੇ ਉੱਪਰ ਪੀ. ਆਰ. ਕਿਸਮਾਂ ਦੀ ਕਾਸ਼ਤ ਹੋਈ ਏ ਅਤੇ ਇਸ ਸਾਲ ਇਹ ਰਕਬਾ ਵਧਾਉਣ ਦੇ ਮੰਤਵ ਨਾਲ, ਕਿਸਾਨਾਂ ਨੂੰ ਬੀਜ ਉਪਲੱਬਧ ਕਰਾਉਣ ਦੇ ਪੁਖਤਾ ਪ੍ਰਬੰਧ ਕੀਤੇ ਗਏ ਨੇ। ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਵਾਤਾਵਰਨ ਪੱਖੀ ਖੇਤੀ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਵਿਚ ਯੂਨੀਵਰਸਿਟੀ ਦੀ ਧਿਰ ਬਣਨ ਲਈ ਘੱਟ ਮਿਆਦ ਵਿਚ ਪੱਕਣ ਵਾਲੀਆਂ PR-126 ਵਰਗੀਆਂ ਕਿਸਮਾਂ ਦੀ ਕਾਸ਼ਤ ਯਕੀਨੀ ਬਨਾਉਣ।

---------------------------------------------------------------

ਫਰੀਦਕੋਟ ਜ਼ਿਲੇ ਦੇ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਨੇ, ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਏ, ਕਿ ਕਣਕ ਦੀ ਕਟਾਈ ਤੋਂ ਬਾਅਦ ਤੂੜੀ ਬਨਾਉਣ

ਉਪਰੰਤ ਬਹੁਤ ਘੱਟ ਮਾਤਰਾ ਵਿੱਚ ਨਾੜ ਖੇਤਾਂ ਵਿੱਚ ਬਚਦਾ ਏ, ਜਿਸ ਨੂੰ ਕੁਝ ਕਿਸਾਨ ਅੱਗ ਲਗਾ ਕੇ ਸਾੜ ਦਿੰਦੇ ਨੇ ਜਿਸ ਨਾਲ ਨਾਈਟਰੋਜਨ, ਫਾਸਫੋਰਸ ਅਤੇ ਪੋਟਾਸ਼ ਤੋਂ ਇਲਾਵਾ ਵੱਡੀ ਮਾਤਰਾ ਵਿੱਚ ਲਘੂ ਤੱਤ, ਸੂਖਮ ਜੀਵ ਨਸ਼ਟ ਹੋਣ ਦੇ ਨਾਲ ਨਾਲ ਮਿੱਟੀ ਦੇ ਭੌਤਿਕੀ ਅਤੇ ਜੈਵਿਕ ਗੁਣ ਪ੍ਰਭਾਵਤ ਹੁੰਦੇ ਨੇ। ਉਨ੍ਹਾਂ ਕਿਹਾ ਕਿ ਕਣਕ ਦੇ ਨਾੜ੍ਹ ਦੇ ਸੜ੍ਹਨ ਨਾਲ ਪੈਦਾ ਹੋਏ ਜ਼ਹਿਰੀਲੇ ਧੂੰਏ ਕਾਰਨ ਜ਼ਹਿਰੀਲੀਆਂ ਗੈਸਾਂ ਮਨੁੱਖੀ ਤੇ ਪਸ਼ੂਆਂ ਦੀ ਸਿਹਤ ਲਈ ਖਤਰਨਾਕ ਹੁੰਦੀਆਂ ਨੇ ਅਤੇ ਨਾੜ੍ਹ ਨੂੰ ਅੱਗ ਲਗਾਉਣ ਨਾਲ ਸੜਕਾਂ ਕਿਨਾਰੇ ਲਗਾਏ ਰੁੱਖ ਵੀ ਸੜ ਕੇ ਨਸ਼ਟ ਹੋ ਜਾਂਦੇ ਨੇ। ਉਨ੍ਹਾਂ ਕਿਹਾ ਕਿ ਕਈ ਵਾਰ ਤਾਂ ਨਾੜ ਨੂੰ ਅੱਗ ਲਗਾਉਣ ਨਾਲ ਮਨੁੱਖੀ ਜੀਵਨ ਵੀ ਖਤਰੇ ਵਿਚ ਪੈ ਜਾਂਦਾ ਏ।

---------------------------------------------------------------

ਹੁਸ਼ਿਆਰਪੁਰ ਜ਼ਿਲੇ ਦੇ ਪਿੰਡ ਹੰਦੋਵਾਲ ਕਲਾਂ ਵਿਖੇ ਝੋਨੇ ਦੀ ਸਿੱਧੀ ਬਿਜਾਈ ਅਤੇ ਮੱਕੀ ਦੀ ਫ਼ਸਲ ਨੂੰ ਮੁੱਖ ਰੱਖਦੇ ਹੋਏ ਪਾਣੀ ਦੀ ਬੱਚਤ ਕਰਨ ਲਈ ਪਿੰਡ ਦੇ ਕਿਸਾਨ ਦਲਵੀਰ ਸਿੰਘ ਤੇ ਉਨ੍ਹਾਂ ਨਾਲ ਜੁੜੇ ਹੋਰ ਕਿਸਾਨਾਂ ਨਾਲ ਝੋਨੇ ਦੀ ਸਿੱਧੀ ਬਿਜਾਈ ਅਤੇ ਮੱਕੀ ਦੀ ਕਾਸ਼ਤ ਬਾਬਤ

ਗੱਲਬਾਤ ਕੀਤੀ ਗਈ । ਦਲਵੀਰ ਸਿੰਘ ਨੇ ਦੱਸਿਆ ਕਿ ਸਾਲ 2020 ਦੌਰਾਨ ਉਸ ਵੱਲੋਂ ਤਕਰੀਬਨ 3 ਏਕੜ ਤੋਂ ਝੋਨੇ ਦੀ ਸਿੱਧੀ ਬਿਜਾਈ ਦੀ ਸ਼ੁਰੂਆਤ ਕੀਤੀ ਗਈ ਸੀ ਪਰ ਪੂਰਾ ਤਜਰਬਾ ਨਾ ਹੋਣ ਕਾਰਨ ਉਸ ਦਾ ਇਹ ਪ੍ਰਯੋਗ ਨਾਕਾਮ ਰਿਹਾ। ਫਿਰ ਵੀ ਉਸ ਨੇ ਹਿੰਮਤ ਨਹੀਂ ਹਾਰੀ ਅਤੇ ਸਾਲ 2021 ਵਿਚ ਫਿਰ 3 ਤੋਂ 5 ਏਕੜ ਰਕਬਾ ਵਧਾ ਕੇ ਬਿਜਾਈ ਕੀਤੀ। ਕਿਸਾਨ ਨੇ ਦੱਸਿਆ ਕਿ ਪਹਿਲੀ ਵਾਰ ਝੋਨੇ ਦੀ ਸਿੱਧੀ ਬਿਜਾਈ ਕਰਨ ’ਤੇ ਕੁਝ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਏ ਪਰ ਜੇਕਰ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਦੀ ਪੂਰੀ ਜਾਣਕਾਰੀ ਹੋਵੇ, ਤਾਂ ਉਹ ਇਸ ਵਿਧੀ ਨਾਲ ਝੋਨੇ ਦਾ ਵਧੀਆ ਝਾੜ ਪ੍ਰਾਪਤ ਕਰ ਸਕਦੇ ਨੇ।

----------------------------------------------------

ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦਾ ਮੌਸਮ ਇਕ ਵਾਰ ਫਿਰ ਬਦਲਣ ਵਾਲਾ ਏ । ਮੌਸਮ ਵਿਭਾਗ ਅਨੁਸਾਰ ਪੰਜਾਬ ਤੇ ਹਰਿਆਣਾ ਦੇ ਕੁਝ ਹਿੱਸਿਆਂ ਵਿੱਚ ਮੌਸਮ ਇਕਦਮ ਬਦਲੇਗਾ ਅਤੇ ਬਾਰਿਸ਼ ਹੋਣ ਦੀ ਸੰਭਾਵਨਾ ਏ । ਮੌਸਮ ਵਿਭਾਗ ਦੇ ਵਿਗਿਆਨੀ ਸ਼ਵਿੰਦਰ ਸਿੰਘ ਨੇ

ਦੱਸਿਆ ਕਿ 5 ਤੇ 6 ਮਈ ਨੂੰ ਮੌਸਮ ਠੀਕ ਰਹੇਗਾ ਪਰ 7 ਤੇ 8 ਮਈ ਨੂੰ ਹਰਿਆਣਾ ਅਤੇ ਪੰਜਾਬ ਦੇ ਕਈ ਹਿੱਸਿਆਂ ਵਿੱਚ ਮੁੜ ਤੋਂ ਮੌਸਮ ਵਿੱਚ ਬਦਲਾਅ ਦੇਖਣ ਨੂੰ ਮਿਲੇਗਾ, ਹਾਲਾਂਕਿ 10 ਮਈ ਤੋਂ ਬਾਅਦ ਗਰਮੀ ਫੇਰ ਵਧੇਗੀ ਜਿਸ ਨਾਲ ਤਾਪਮਾਨ 40 ਡਿਗਰੀ ਸੈਲਸੀਅਸ ਤੱਕ ਪਹੁੰਚ ਜਾਵੇਗਾ ਅਤੇ ਗਰਮੀ ਦਾ ਕਹਿਰ ਦੇਖਣ ਨੂੰ ਮਿਲੇਗਾ।

----------------------------------------------------

ਸੱਤ ਸ਼੍ਰੀ ਅਕਾਲ ਚੈਰੀਟੇਬਲ ਟਰੱਸਟ ਮੁੰਬਈ ਵੱਲੋ, 2024 ਸਿੱਖ ਅਚੀਵਰ ਅਵਾਰਡ ਸਮਾਗਮ ਦਾ ਆਯੋਜਨ ਸ਼੍ਰੀ ਸ਼ਾਨ-ਮੁਕੰਦਾ ਚੰਦਰਾ ਸ਼ੇਕਾ-ਨਦ੍ਰਾ ਸਰਸਵਤੀ ਆਡੀਟੋਰੀਅਮ ਕਿੰਗ ਸਰਕਲ ਮੁੰਬਈ ਵਿਖ਼ੇ ਕਰਵਾਇਆ ਗਿਆ । ਇਸ ਵਿਚ ਜਲੰਧਰ ਸ਼ਹਿਰ ਦੀ ਸਿਰਮੌਰ, ਅਣਥੱਕ, 24 ਘੰਟੇ ਨਿਸ਼ਕਾਮ ਸਮਾਜ ਸੇਵਾ ਨਿਭਾਉਣ ਵਾਲ਼ੀ ਅਤੇ ਜਰੂਰਤਵੰਦਾ ਦੀਆਂ ਆਸਾਂ ਤੇ ਖਰੀ ਉਤਰਨ ਵਾਲ਼ੀ ਸੰਸਥਾ ਆਖਰੀ ਉਮੀਦ ਦੇ ਮੋਢੀ ਜਤਿੰਦਰ ਪਾਲ ਸਿੰਘ ਨੂੰ 2024 ਸਿੱਖ ਅਚੀਵਰ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਕਈ ਉੱਘੀਆਂ ਧਾਰਮਿਕ, ਸਮਾਜਿਕ, ਸਿਆਸੀ ਸ਼ਖਸ਼ਿਯਤਾਂ ਤੋਂ ਅਲਾਵਾ

ਵੱਖ ਵੱਖ ਕਲਾਕਾਰ ਤੇ ਗਾਇਕ ਵੀ ਮੌਜੂਦ ਰਹੇ । ਇਸ ਮੌਕੇ ਤੇ ਜਤਿੰਦਰ ਪਾਲ ਸਿੰਘ ਨੇ ਦੱਸਿਆ ਕਿ ਓਨਾਂ ਦੀ ਸੰਸਥਾਂ ਕਾਫੀ ਲੰਬੇ ਸਮੇਂ ਤੋਂ 11 ਰੁਪਏ ਵਿੱਚ ਰੋਟੀ, ਕਪੜੇ, ਦਵਾਈਆਂ ਅੱਤੇ ਅੰਬੂਲੇਸ ਦੀ ਸੇਵਾ ਨਿਭਾ ਰਹੀ ਏ । ਵੱਖ ਵੱਖ ਸ਼ਹਿਰਾਂ ਵਿੱਚ ਵੀ ਸੰਸਥਾ ਦੀਆਂ ਬ੍ਰਾਂਚਾਂ ਖੋਲ੍ਹ ਕੇ ਜਰੂਰਤਵੰਦਾ ਨੂੰ ਸੇਵਾਵਾਂ ਦਿਤੀਆਂ ਜਾ ਰਹੀਆਂ ਨੇ । ਉਨਾਂ ਕਿਹਾ ਕਿ ਸੰਸਥਾ ਨੂੰ ਮਿਲੇ ਇਸ ਸਨਮਾਨ ਦੀ ਅਸਲੀ ਹੱਕਦਾਰ ਸਮੁਚੀ ਟੀਮ ਅਤੇ ਦਾਨੀ ਸੱਜਣ ਨੇ, ਜਿਹੜੇ ਦਿਨ ਰਾਤ ਸੰਸਥਾਂ ਨਾਲ਼ ਮੋਢੇ ਨਾਲ ਮੋਢਾ ਜੋੜ ਕੇ ਸੇਵਾ ਨਿਭਾ ਰਹੇ ਨੇ । ਓਨਾਂ ਸਾਰੀਆਂ ਨੂੰ ਇਸ ਅਵਾਰਡ ਦੀ ਵਧਾਈ ਦੇਂਦਿਆਂ ਸਮਾਜ ਸੇਵਾ ਲਈ ਤਨ ਮਨ ਧਨ ਨਾਲ਼ ਅੱਗੇ ਵਧਣ ਦੀ ਅਪੀਲ਼ ਕੀਤੀ ।

----------------------------------------------------

## <u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>

- ਕੇਂਦਰ ਸਰਕਾਰ ਨੇ ਪਿਆਜ਼ ਦੀ ਬਰਾਮਦ 'ਤੇ ਲੱਗੀ ਪਾਬੰਦੀ ਤੁਰੰਤ ਪ੍ਰਭਾਵ ਨਾਲ ਹਟਾ ਦਿੱਤੀ ਏ ।

- ਪੰਜਾਬ ਦੇ ਮੁਖ ਚੋਣ ਅਧਿਕਾਰੀ ਸਿਬਿਨ ਸੀ. ਅਨੁਸਾਰ, ਲੋਕ ਸਭਾ ਚੋਣਾਂ ਦੌਰਾਨ ਜ਼ਬਤੀ ਦੇ ਮਾਮਲੇ ਵਿੱਚ ਕੌਮੀ ਪੱਧਰ 'ਤੇ ਸੂਬੇ ਦਾ ਚੌਥਾ ਸਥਾਨ ਏ, ਇਕ ਮਾਰਚ ਤੋਂ 4 ਮਈ ਤੱਕ, 609 ਕਰੋੜ 38 ਲੱਖ ਰੁਪਏ ਦੀ ਨਕਦੀ ਤੇ ਹੋਰ ਵਸਤੂਆਂ ਜ਼ਬਤ ਕੀਤੀਆਂ ਗਈਆਂ ਨੇ।
- ਪੰਜਾਬ ਦੇ ਕਈ ਹਿੱਸਿਆਂ ਵਿੱਚ, 7 ਤੇ 8 ਮਈ ਨੂੰ ਮੁੜ ਤੋਂ ਮੌਸਮ ਵਿੱਚ ਬਦਲਾਅ ਹੋਣ ਤੇ ਮੀਂਹ ਪੈਣ ਦੇ ਆਸਾਰ।